# ਦਫਤਰ ਜਿਲ੍ਹਾ ਸਿੱਖਿਆ ਅਫਸਰ (ਐ:ਸਿ) ਪਠਾਨਕੋਟ

Email: ssapathankot@punjabeducation.gov.in

ਵੱਲ:-

1. ਸੰਬੰਧਤ ਸਕੂਲ ਮੁੱਖੀ / ਮੈਨੇਜਰ
   ਜਿਲਾ ਪਠਾਨਕੋਟ।
2. ਸੰਬੰਧਤ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ
   ਜਿਲਾ ਪਠਾਨਕੋਟ।

ਪੱਤਰ ਨੰ:RTE/ **202186109** ਮਿਤੀ ਪਠਾਨਕੋਟ:09.03.2021

ਵਿਸ਼ਾ:- 6-14 ਸਾਲ ਦੇ ਬੱਚਿਆਂ ਨੂੰ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ 2011 ਦੇ ਨਿਯਮ 3 ਉਪ ਨਿਯਮ (4) ਸੈਕਸ਼ਨ 18 ਦੇ ਉਦੇਸ਼ ਲਈ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਐਕਟ 2009 ਲਈ ਮਾਨਤਾ ਨਵਿਆਉਣ/ਜਾਰੀ ਕਰਨ ਸੰਬੰਧੀ।

ਸ਼੍ਰੀ ਮਾਨ/ਮਤੀ ਜੀ,

ਆਪ ਜੀ ਰਾਹੀਂ ਪ੍ਰਾਪਤ ਪ੍ਰਤੀ ਬੇਨਤੀ ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਨਿਮਨਹਸਤਾਖਰੀ ਵੱਲੋ ਹੇਠ ਲਿਖੇ ਸਕੂਲਾਂ ਨੂੰ ਜਮਾਤ ਪਹਿਲੀ ਤੋਂ ਜਮਾਤ ਅਠਵੀਂ ਲਈ ਮਿਤੀ 01-04-2020 ਤੋਂ 31-03-2023 ਤੱਕ ਮਾਨਤਾ ਜਾਰੀ/ਨਵਿਆਈ ਜਾਂਦੀ ਹੈ।

| Sr. No. | RTE CODE | SCHOOL NAME | BLOCK |
|---|---|---|---|
| 1 | 2126 | HIMGIRI PUBLIC SCHOOL PREM NAGAR PATHANKOT | PATHANKOT-3 |
| 2 | 2140 | DIVYA JYOTI MODERN SCHOOL LAMINI | PATHANKOT-3 |
| 3 | 2152 | PARTAP WORLD SCHOOL DEFENCE ROAD PANGOLI (PATHANKOT) | PATHANKOT-3 |
| 4 | 2264 | VIVEKANAND HIGH SCHOOL ANANDPUR ROAD PATHANKOT | PATHANKOT-3 |

ਹੇਠ ਲਿਖਿਆਂ ਸ਼ਰਤਾਂ ਦੀ ਪੂਰਤੀ ਤੋ ਬਾਅਦ ਹੀ ਇਹ ਮੰਜੂਰੀ ਸਹੀ ਮੰਨੀ ਜਾਵੇਗੀ।

ਸ਼ਰਤਾਂ:

1: ਮਾਨਤਾ ਦੀ ਮੰਜੂਰੀ ਦਾ ਸਮਾਂ ਵਧਾਇਆ ਨਹੀ ਜਾ ਸਕਦਾ ਅਤੇ ਕਿਸੇ ਵੀ ਸੂਰਤ ਵਿੱਚ ਅੱਠਵੀ ਸ਼੍ਰੇਣੀ ਤੋ ਅੱਗੇ ਮਾਨਤਾ/ਐਫੀਲੇਸ਼ਨ ਲਈ ਵਚਨਵੱਧ ਨਹੀ ਹੈ।

2: ਸਕੂਲ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਕਾਨੂੰਨ 2009(ਅਨੇਕਚਰ 1) ਅਤੇ ਬੱਚਿਆਂ ਦੇ ਲਾਜਮੀ ਅਤੇ ਮੁਫਤ ਸਿੱਖਿਆ ਦੇ ਨਿਯਮ 2011(ਅਨੈਕਚਰ 2) ਦੀ ਇੰਨਬਿੰਨ ਪਾਲਣਾ ਕਰੇਗਾ।

3: ਸਕੂਲ ਪਹਿਲੀ ਸ੍ਰੇਣੀ ਵਿੱਚ ਦਾਖਲਾ ਕਰੇਗਾ ਅਤੇ ਕਲਾਸ ਦੀ 25 ਪ੍ਰਤੀਸ਼ਤ ਉਸ ਵਿੱਚ ਸਾਰੇ ਵਿਦਿਆਰਥੀ ਜੋ ਕਮਜੋਰ ਵਰਗ ਅਤੇ ਗੈਰ ਲਾਭਦਾਇਕ ਵਰਗ ਜੋ ਕਿ ਉਹਨਾ ਦੇ ਗੁਆਂਡ ਵਿੱਚ ਹੋਣਗੇ ਨੂੰ ਐਲੀਮੈਂਟਰੀ ਸਿੱਖਿਆ ਦੀ ਸਮਾਪਤੀ ਤੱਕ ਮੁਫਤ ਅਤੇ ਲਾਜਮੀ ਸਿੱਖਿਆ ਪ੍ਰਦਾਨ ਕਰਵਾਏਗਾ। ਬਸਰਤੇ ਪ੍ਰੀ ਪ੍ਰਾਇਮਰੀ ਸ੍ਰੇਣੀਆਂ ਉਤੇ ਵੀ ਇਹ ਨਿਯਮ ਲਾਗੂ ਹੋਵੇਗਾ।

4: ਪੈਰਾ ਨੰ:3 ਵਿੱਚ ਦਰਸਾਏ ਵਿਦਿਆਰਥੀਆਂ ਦੇ ਲਈ ਸਕੂਲ,ਕਾਨੂੰਨ ਦੇ ਸੈਕਸ਼ਨ 12 ਦੇ ਸਬ 'ਸੈਕਸ਼ਨ 2 ਅਨੁਸਾਰ ਦੀ ਪੂਰਤੀ ਕਰੇਗਾ ਅਤੇ ਇਸ ਪ੍ਰਤੀ ਪੂਰਤੀ ਲਈ ਇੱਕ ਵੱਖਰਾ ਬੈਕ ਖਾਤਾ ਮੁਹੱਈਆ ਕਰਵਾਏਗਾ।

5: ਸਕੂਲ ਕੋਈ ਵੀ ਜਬਰੀ ਫੀਸ ਕਿਸੇ ਮਾਪਿਆਂ ਤੋ ਜਾਂ ਸਰਪ੍ਰਸਤ ਤੇ ਕਿਸੇ ਵੀ ਕਾਰਵਾਈ ਲਈ ਇਕੱਠੀ ਨਹੀ ਕਰੇਗਾ।

6: ਸਕੂਲ ਕਿਸੇ ਨੂੰ ਵੀ ਦਾਖਲੇ ਤੋ ਮਨਾਂ ਨਹੀ ਕਰੇਗਾ:-
(ੳ) ਕਿਸੇ ਵੀ ਬੱਚੇ ਨੂੰ ਜਿਸ ਕੋਲ ਜਨਮ ਦਾ ਸਬੂਤ ਨਾ ਹੋਵੇ ਜਾਂ
(ਅ) ਜੇਕਰ ਅਜਿਹੇ ਬੱਚੇ ਨੂੰ ਦਰਸਾਏ ਜਾਂ ਵਧਾਏ ਸਮੇ ਦੌਰਾਨ(ਦਾਖਲਾ ਦੇਣ ਲਈ) ਜੇਕਰ ਦਾਖਲਾ ਦੇ ਦਿੱਤਾ ਜਾਂਦਾ ਹੈ।
(ੲ) ਧਰਮ ,ਜਾਤ,ਪਾਤ,ਜਨਮ ਅਸਥਾਨ ਜਾਂ ਇਹਨਾ ਕਾਰਨਾ ਦੇ ਅਧਾਰ ਤੇ।

7: ਸਕੂਲ ਯਕੀਨੀ ਬਣਾਏਗਾ:
(ੳ) ਕੋਈ ਵੀ ਦਾਖਲ ਵਿਦਿਆਰਥੀ ਕਿਸੇ ਵੀ ਸ੍ਰੇਣੀ ਵਿੱਚ ਰੋਕਿਆ ਜਾਂ ਕੱਢਿਆ ਨਹੀ ਜਾ ਸਕਦਾ ਜਦੋ ਤੱਕ ਉਸ ਦੀ ਐਲੀਮੈਂਟਰੀ ਸਿੱਖਿਆ ਪੂਰੀ ਨਹੀ ਹੋ ਜਾਂਦੀ।
(ਅ) ਕਿਸੇ ਵੀ ਵਿਦਿਆਰਥੀ ਨੂੰ ਸਰੀਰਕ ਜਾਂ ਮਾਨਸਿਕ ਦੰਡ ਨਹੀ ਦਿੱਤਾ ਜਾਵੇਗਾ।



Principal
Partap World School
Defence Road, (Pangoli)
Pathankot - 145 001

(ੲ)ਕਿਸੇ ਵੀ ਵਿਦਿਆਰਥੀ ਨੂੰ ਐਲੀਮੈਂਟਰੀ ਸਿੱਖਿਆ ਪੂਰੀ ਕਰਨ ਤੇ ਪਹਿਲਾਂ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਜ਼ਰੂਰਤ ਨਹੀ ਹੋਵੇਗੀ।

(ਸ) ਨਿਯਮ 21 ਦੇ ਮੁਤਾਬਿਕ ਹਰੇਕ ਵਿਦਿਆਰਥੀ ਨੂੰ ਐਲੀਮੈਂਟਰੀ ਸਿੱਖਿਆ ਪ੍ਰਾਪਤ ਕਰਨ ਉਪਰੰਤ ਸਰਟੀਫਿਕੇਟ ਪ੍ਰਦਾਨ ਕੀਤਾ ਜਾਵੇਗਾ।

(ਹ) ਕਾਨੂੰਨ ਦੇ ਤਹਿਤ ਅਪੰਗ,ਅਯੋਗ ਜਾਂ ਵਿਸ਼ੇਸ ਜਰੂਰਤਾਂ ਵਾਲੇ ਵਿਦਿਆਰਥੀਆਂ ਨੂੰ ਦਾਖਲ ਕੀਤਾ ਜਾਵੇਗਾ।

(ਕ) ਸੈਕਸ਼ਨ 23 ਦੇ ਸਬ ਸੈਕਸ਼ਨ(1) ਅਨੁਸਾਰ ਨਿਯੁਕਤ ਅਧਿਆਪਕ ਆਪਣੀਆਂ ਵਿਦਿਅਕ ਯੋਗਤਾਵਾਂ ਨੂੰ ਪੂਰਾ ਕਰਦਾ ਹੋਵੇ।ਜੇਕਰ ਪਹਿਲਾਂ ਤੋਂ ਨਿਯੁਕਤ ਹਨ ਤਾ ਉਹ ਆਪਣੀਆਂ ਲੋੜੀਦੀਆਂ ਘੱਟ ਤੋ ਘੱਟ ਵਿਦਿਅਕ ਯੋਗਤਾਵਾਂ ਕਾਨੂੰਨ ਦੇ ਲਾਗੂ ਹੋਣ ਦੀ ਮਿਤੀ ਤੋਂ ਨੌਕਰੀ ਵਿੱਚ ਆਉਣ ਦੇ 5 ਸਾਲਾਂ ਦੌਰਾਨ ਪੂਰੀਆਂ ਕਰਨਗੇ।

(ਖ)ਸਿੱਖਿਆ ਕਾਨੂੰਨ ਦੇ ਸੈਕਸ਼ਨ 24 ਅਤੇ ਸਬ ਸੈਕਸ਼ਨ(1) ਅਨੁਸਾਰ ਦਰਸਾਏ ਗਏ ਨਿਯਮਾਂ ਤਹਿਤ ਅਧਿਆਪਕ ਆਪਣੀਆਂ ਡਿਊਟੀਆਂ ਨਿਭਾਉਣਗੇ।

(ਗ) ਆਧਿਆਪਕ ਆਪਣੇ ਆਪ ਨੂੰ ਕਿਸੇ ਵੀ ਕਿਸਮ ਦੀ ਪ੍ਰਾਇਵੇਟ ਟਿਊਸ਼ਨ ਵਿੱਚ ਸ਼ਾਮਲ ਨਹੀ ਕਰਨਗੇ।

8: ਸਕੂਲ,ਯੋਗ ਪ੍ਰਬੰਧਕੀ ਸੰਸਥਾ/ਅਥਾਰਟੀ ਦੁਆਰਾ ਨਿਯਮਿਤ ਕੀਤਾ ਗਿਆ ਸਮਾਂ ਸਾਰਣੀ ਅਤੇ ਪਾਠਕ੍ਰਮ ਵੰਡ ਦਾ ਅਨੁਸਰਣ ਕਰੇਗਾ।

9: ਸਕੂਲ ਕਾਨੂੰਨ ਦੀ ਧਾਰਾ 19 ਵਿੱਚ ਦਰਸਾਏ ਗਏ ਅਨੁਪਾਤ ਅਨੁਸਾਰ ਬੱਚਿਆਂ ਦਾ ਦਾਖਲਾ ਕਰੇਗਾ।

10: ਸਕੂਲ ਸਿੱਖਿਆ ਅਧਿਕਾਰ ਕਾਨੂੰਨ ਦੀ ਧਾਰਾ 19 ਅਨੁਸਾਰ ਮਾਪਦੰਡ ਅਨੁਸਾਰ ਪਾਲਣਾ ਕਰੇਗਾ।ਜੋ ਸਹੂਲਤਾਂ ਪਿਛਲੇ ਸਮੇ ਦੇ ਮੁਆਇਨੇ ਅਨੁਸਾਰ ਦਰਸਾਈਆਂ ਗਈਆਂ ਹਨ,ਜੇਕਰ ਹਨ ਤਾਂ ਹੇਠ ਲਿਖੇ ਅਨੁਸਾਰ ਹਨ:-

ਸਕੂਲ ਦਾ ਖੇਤਰਫਲ<br>
ਬਣਿਆ ਹੋਇਆ ਕੁੱਲ ਖੇਤਰਫਲ<br>
ਖੇਡ ਦੇ ਮੈਦਾਨ ਦਾ ਖੇਤਰਫਲ<br>
ਸ੍ਰੇਣੀਆਂ ਦੇ ਕਮਰਿਆਂ ਦੀ ਗਿਣਤੀ<br>
ਮੁੱਖ ਅਧਿਆਪਕ ਕਮ ਅਫਸਰ ਕਮ ਭੰਡਾਰਣ ਦਾ ਕਮਰਾ<br>
ਲਿਖਣ ਪੜਣ ਸੰਬੰਧੀ ਸਮੱਗਰੀ/ਖੇਡਾਂ ਦਾ ਸਮਾਨ/ਲਾਇਬਰੇਰੀ ਦੀ ਸਮੱਗਰੀ ਦੀ ਉਪਲਬਧਤਾ।

11: ਉਸੇ ਸਕੂਲ ਦੇ ਨਾ ਉਤੇ ਸਕੂਲ ਦੇ ਅਹਾਤੇ ਦੇ ਅੰਦਰ ਜਾਂ ਬਾਹਿਰ ਕੋਈ ਵੀ ਗੈਰ ਮਾਨਤਾ ਸ੍ਰੇਣੀ ਨਹੀ ਪੜ੍ਹਾਈ ਜਾਵੇਗੀ।

12: ਸਕੂਲ ਦੀ ਇਮਾਰਤ ਅਤੇ ਢਾਂਚਾ ਜਾਂ ਖੇਡ ਦਾ ਮੈਦਾਨ ਸਿਰਫ ਅਤੇ ਸਿਰਫ ਸਕੂਲ ਦੀ ਵਿਦਿਅਕ ਗਤੀਵਿਧੀਆਂ ਅਤੇ ਹੁਨਰ ਦੇ ਵਿਕਾਸ ਲਈ ਹੀ ਵਰਤਿਆ ਜਾਵੇਗਾ।

13: ਸਕੂਲ (1860 ਦੇ ਕਾਨੂੰਨ ਨੰ:21) ਕਾਨੂੰਨ ਤਹਿਤ ਪੰਜੀਕ੍ਰਿਤ ਸੁਸਾਇਟੀ ਵੱਲੋ ਚਲਾਇਆ ਜਾ ਰਿਹਾ ਹੋਵੇ ਜਾਂ ਕੁਝ ਸਮੇ ਲਈ ਕੋਈ ਵੀ ਜਨਤਕ ਸੰਸਥਾ ਦੁਆਰਾ ਚਲਾਇਆ ਜਾ ਰਿਹਾ ਹੋਵੇ।

14: ਸਕੂਲ ਕਿਸੇ ਵੀ ਵਿਅਕਤੀਗਤ ਵਰਗ ਜਾਂ ਵਿਅਕਤੀਗਤ ਗਠਜੋੜ ਨੂੰ ਫਾਇਦਾ ਪਹੁੰਚਾਉਣ ਲਈ ਨਾ ਚਲਾਇਆ ਜਾਂਦਾ ਹੋਵੇ।

15: ਸਕੂਲ ਦਾ ਲੇਖਾ ਜੋਖਾ ਪ੍ਰਮਾਣਿਤ ਲੇਖਾਕਾਰ/ਸੀ:ਏ: ਕੋਲੋ ਨਿਰੀਖਤ ਕੀਤਾ ਹੋਵੇ ਅਤੇ ਨਿਯਮਾਂ ਮੁਤਾਬਿਕ ਲੇਖੇ ਦੀ ਸਾਰਣੀ ਬਣਾਈ ਹੋਣੀ ਚਾਹੀਦੀ ਹੈ।ਹਰ ਵਰੇ ਸਾਰਣੀ ਉਤਾਰਾ ਜ਼ਿਲ੍ਹਾ ਸਿੱਖਿਆ ਅਫਸਰ(ਐ:ਸਿ) ਨੂੰ ਸੂਚਨਾਂ ਹਿੱਤ ਭੇਜਿਆ ਜਾਵੇਗਾ।

16: ਆਪ ਜੀ ਦੇ ਸਕੂਲ ਦਾ ਮਾਨਤਾ ਪ੍ਰਾਪਤ ਸਨਾਖਤੀ ਨੰ:(RTE CODE/ NO.) ਉਪਰੋਕਤ ਦਰਸਾਈ ਲਿਸਟ ਵਿੱਚ ਦਰਜ ਹੈ।(ਕਿਰਪਾ ਕਰਕੇ ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਅੱਗੇ ਤੋ ਭਵਿੱਖ ਵਿੱਚ ਇਹ ਸਨਾਖਤੀ ਨੰਬਰ ਪੱਤਰ ਵਿਵਹਾਰ ਕਰਦੇ ਸਮੇ ਦਰਸਾਇਆ ਜਾਵੇ।

17: ਸਕੂਲ ਅਜਿਹੀਆਂ ਸਾਰੀਆਂ ਰਿਪੋਰਟਾਂ ਅਤੇ ਸੂਚਨਾਂ ਜ਼ਿਲ੍ਹਾ ਸਿੱਖਿਆ ਅਫਸਰ ਜਾਂ ਨਿਰਦੇਸ਼ਕ ਸਿੱਖਿਆ ਵਿਭਾਗ ਨੂੰ ਸਮੇ ਸਮੇ ਪੁਜਦਾ ਕਰੇਗਾ ਅਤੇ ਰਾਜ ਸਰਕਾਰ ਜਾਂ ਸਥਾਨਕ ਪ੍ਰਬੰਧਕ ਨੂੰ ਸਮੇ ਸਮੇ ਉਹਨਾ ਵੱਲੋ ਨਿਰਦੇਸ਼ਿਤ ਸੂਚਨਾਂ ਮਹੁੱਈਆਂ ਕਰਵਾਉਣ ਲਈ ਪਾਬੰਦ ਹੋਵੇਗਾ। ਸਕੂਲ ਵੱਲੋ ਅਜਿਹੀਆਂ ਘਾਟਾਂ ਦੂਰ ਕੀਤੀਆਂ ਜਾਣਗੀਆਂ ਅਤੇ ਇਸ ਦੀ ਰਿਪੋਰਟ ਸਮੇਂ-2 ਤੇ ਜ਼ਿਲ੍ਹਾ ਸਿੱਖਿਆ ਅਫਸਰ ਜਾਂ ਨਿਰਦੇਸ਼ਕ ਸਿੱਖਿਆ ਵਿਭਾਗ ਨੂੰ ਪੁਜਦਾ ਕਰੇਗਾ ।

18: ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਸੰਸਥਾ ਦੀ ਪੰਜੀਕਰਨ ਨਵਿਆਈ ਗਈ ਹੈ।

19: ਹੋਰ ਸ਼ਰਤਾਂ ਅਨੇਕਚਰ 3 ਅਨੁਸਾਰ ਨਾਲ ਨੱਥੀ ਹਨ।

ਨੋਟ : - ਸਕੂਲ ਨੂੰ ਇਸ ਸ਼ਰਤ ਤੇ ਮਾਨਤਾ ਜਾਰੀ ਕੀਤੀ ਜਾਂਦੀ /ਨਵਿਆਈ ਜਾਂਦੀ ਹੈ ਕਿ ਸਕੂਲ ਹਰ ਸਾਲ ਬਿਲਡਿੰਗ ਸੇਫਟੀ,ਫਾਇਰ ਸੇਫਟੀ ਅਤੇ ਜਨ ਸਿਹਤ ਸੇਵਾਵਾਂ ਦਾ ਸਰਟੀਫਿਕੇਟ ਸਬੰਧਤ ਵਿਭਾਗ ਤੋਂ ਮਿਆਦ ਅਨੁਸਾਰ ਨਵਿਆਉਣ ਉਪਰੰਤ ਇਸ ਦਫਤਰ ਵਿਖੇ ਵਿੱਤੀ ਸਾਲ ਦੀ ਸ਼ੁਰੂਆਤ ਤੇ 30 ਅਪ੍ਰੈਲ ਤੱਕ ਜਮਾਂ ਕਰਵਾਏਗਾ।ਅਣਗਹਿਲੀ ਦੀ ਸੂਰਤ ਵਿੱਚ ਮਾਨਤਾ ਰੱਦ ਕਰ ਦਿੱਤੀ ਜਾਵੇਗੀ।

Principal<br>
Partap World School<br>
Defence Road, (Pangoli)<br>
Pathankot - 145 001

ਦਫ਼ਤਰ ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)

ਕਮ-ਜਿਲ੍ਹਾ-ਪ੍ਰੋਜੈਕਟ ਡਾਇਰੈਕਟਰ ਸਮੱਗਰਾ ਸਿੱਖਿਆ ਅਭਿਆਨ, ਪਠਾਨਕੋਟ

ਈ.ਮੇਲ. ssapathankot@punjabeducation.gov.in

ਸੇਵਾ ਵਿਖੇ

ਮਾਨਯੋਗ ਡਾਇਰੈਕਟਰ ਸਕੂਲ ਸਿੱਖਿਆ (ਐਲੀਮੈਂਟਰੀ)
ਪੰਜਾਬ ਐਸ.ਐਸ.ਏ ਨਗਰ
ਪੱਤਰ ਨੰ ਸਸਅ/2023 - 127714
ਮਿਤੀ ਪਠਾਨਕੋਟ 09/05/2023

ਵਿਸ਼ਾ :- ਆਰ.ਟੀ.ਈ ਅਧੀਨ ਪ੍ਰਾਈਵੇਟ ਸਕੂਲਾਂ ਵੱਲੋਂ ਪੱਕੇ ਤੋਰ ਤੇ ਮਾਨਤਾ ਜਾਰੀ ਕਰਨ ਲਈ ਪ੍ਰਾਪਤ ਪੱਤਰ ਭੇਜਣ ਸਬੰਧੀ।

ਵਿਸ਼ਾ ਅੰਕਿਤ ਦੇ ਸਬੰਧ ਵਿੱਚ ਆਪ ਜੀ ਦੇ ਧਿਆਨ ਹਿੱਤ ਲਿਆਇਆ ਜਾਂਦਾ ਹੈ ਕਿ ਜਿਲ੍ਹਾ ਪਠਾਨਕੋਟ ਅਧੀਨ ਚੱਲ ਰਹੇ ਪ੍ਰਾਈਵੇਟ ਸਕੂਲਾਂ ਤੋਂ ਪੱਕੇ ਤੌਰ ਤੇ ਮਾਨਤਾ ਜਾਰੀ ਕਰਨ ਦੇ ਸਬੰਧ ਵਿੱਚ ਪੱਤਰ ਭੇਜੇ ਜਾ ਰਹੇ ਹਨ ਅਤੇ ਜਿਸ ਵਿੱਚ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਸਿਵਲ ਰਿੱਟ ਪਟੀਸਨ ਨੰ 12389 ਆਫ 2021 ਮਿਤੀ 11-02-2021 ਦੇ ਫੈਸ਼ਲੇ ਦਾ ਹਵਾਲਾ ਦਿੱਤਾ ਜਾ ਰਿਹਾ ਹੈ।ਸਕੂਲਾਂ ਨੂੰ ਮਾਨਤਾ ਆਪ ਜੀ ਦੇ ਦਫ਼ਤਰ ਤੋਂ ਜਾਰੀ ਪਾਲਸੀ ਅਨੁਸਾਰ ਦਿੱਤੀ ਜਾਂਦੀ ਹੈ।ਜਿਸ ਨੂੰ ਮੁੱਖ ਰੱਖਦੇ ਹੋਏ ਸਕੂਲਾਂ ਨੂੰ ਮਾਨਤਾ ਦੇਣ ਦੀ ਪਾਲਸੀ ਮੈਟਰ ਹੋਣ ਕਾਰਨ ਪ੍ਰਾਪਤ ਪੱਤਰ ਆਪ ਜੀ ਨੂੰ ਅਗਲੇਰੀ ਯੋਗ ਕਰਵਾਈ ਹਿੱਤ ਨਾਲ ਨੱਥੀ ਕਰਕੇ ਭੇਜੇ ਜਾਂਦੇ ਹਨ।

ਨੱਥੀ :- ਸਕੂਲਾਂ ਵੱਲੋਂ ਪ੍ਰਾਪਤ ਪੱਤਰ

09/05/23

ਜਿਲ੍ਹਾ ਸਿੱਖਿਆ ਅਫ਼ਸਰ(ਐ.ਸਿ)
ਪਠਾਨਕੋਟ
9/05/23

OFFICE DISTRICT EDUCATION OFFICER (A.S)
Cum- District- Project Director Samgra Shiksha Abhiyan Pathankot
Email:sspathankot@punjabeducation.gov.in

To

Hon'ble Director School Education (Elementary)
Punjab SSA Nagar
Letter to SSA/2023-127714
District Pathankot 09/05/2023

Subject: R.T.I under Dated Pathankot: - 26/05/2023

Subject Regarding sending received Letter for Permanent recognition of private school under R.T.E

Ref Letter SSA/2023-127714 dated 09/05/2023

In relation to the subject, it is brought to your attention that letters are being sent regarding the issue of permanent recognition from the private schools running under District Pathankot and in which reference of Judgement has been issued by the Hon'ble Punjab and Haryana High Court from Civil Writ Petition No. 12389 of 2021 dated 11-02-2021.The recognition of schools is live as per the policy issued by your office. Keeping in mind that he policy of recognition of schools is a matter the letters received are sent to you with further qualified interest attached.

Attached : Letter received from schools

District Education Officer (A.S)
Pathankot

NOTARY
Harmanjeet Bedi
Area Pathankot
Regd. No. 9774
GOVT. OF INDIA

Translated to be true copy of document
Produced translation from Punjabi/Hindi
Urdu/Into English.

Bedi Adv
Harmanjeet Bedi
Notary Public Pathankot

0 8 JUN 2023

ਦਫ਼ਤਰ ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)

ਕਮ-ਜਿਲ੍ਹਾ-ਪ੍ਰੋਜੈਕਟ ਡਾਇਰੈਕਟਰ ਸਮੱਗਰਾ ਸਿੱਖਿਆ ਅਭਿਆਨ, ਪਠਾਨਕੋਟ

ਈ.ਮੇਲ. ssapathankot@punjabeducation.gov.in

ਸੇਵਾ ਵਿਖੇ

ਮਾਨਯੋਗ ਡਾਇਰੈਕਟਰ ਸਕੂਲ ਸਿੱਖਿਆ (ਐਲੀਮੈਂਟਰੀ)
ਪੰਜਾਬ ਐਸ.ਐਸ.ਏ ਨਗਰ
ਪੱਤਰ ਨੰ ਸਸਅ/2023-146656
ਮਿਤੀ ਪਠਾਨਕੋਟ :- 26/05/2023

ਵਿਸ਼ਾ :- ਆਰ.ਟੀ.ਈ ਅਧੀਨ ਪ੍ਰਾਈਵੇਟ ਸਕੂਲਾਂ ਵੱਲੋਂ ਪੱਕੇ ਤੋਰ ਤੇ ਮਾਨਤਾ ਜਾਰੀ ਕਰਨ ਲਈ ਪ੍ਰਾਪਤ ਪੱਤਰ ਭੇਜਣ ਸਬੰਧੀ।

ਹਵਾਲਾ:- ਪੱਤਰ ਨੰ ਸਸਅ/2023-127714 ਮਿਤੀ 09/05/2023

ਵਿਸ਼ਾ ਅੰਕਿਤ ਦੇ ਸਬੰਧ ਵਿੱਚ ਆਪ ਜੀ ਦੇ ਧਿਆਨ ਹਿੱਤ ਲਿਆਇਆ ਜਾਂਦਾ ਹੈ ਕਿ ਜਿਲ੍ਹਾ **ਪਠਾਨਕੋਟ** ਅਧੀਨ ਚੱਲ ਰਹੇ ਪ੍ਰਾਈਵੇਟ ਸਕੂਲਾਂ ਵੱਲੋ ਪੱਕੇ ਤੌਰ ਤੇ ਮਾਨਤਾ ਜਾਰੀ ਕਰਨ ਦੇ ਸਬੰਧ ਵਿੱਚ ਪੱਤਰ ਭੇਜੇ ਜਾ ਰਹੇ ਹਨ ਜੋ ਆਪ ਨੂੰ ਪਹਿਲਾ ਵੀ ਹਵਾਲਾ ਅਧੀਨ ਪੱਤਰ ਰਾਹੀ ਭੇਜੇ ਗਏ ਸਨ । ਜਿਸ ਵਿੱਚ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਸਿਵਲ ਰਿੱਟ ਪਟੀਸਨ ਨੰ **CWP No.7238-2023 Dated 12.04.2023** ਦਾ ਹਵਾਲਾ ਦਿੱਤਾ ਜਾ ਰਿਹਾ ਹੈ।ਪ੍ਰਾਇਵੇਟ ਸਕੂਲਾਂ ਨੂੰ ਮਾਨਤਾ ਆਪ ਜੀ ਦੇ ਦਫ਼ਤਰ ਤੋਂ ਜਾਰੀ ਪਾਲਸੀ ਅਨੁਸਾਰ ਦਿੱਤੀ ਜਾਂਦੀ ਹੈ।ਜਿਸ ਨੂੰ ਮੁੱਖ ਰੱਖਦੇ ਹੋਏ ਪ੍ਰਾਇਵੇਟ ਸਕੂਲਾਂ ਨੂੰ ਮਾਨਤਾ ਦੇਣ ਦੀ ਪਾਲਸੀ ਮੈਟਰ ਹੋਣ ਕਾਰਨ **ਵੱਖ-2 ਪ੍ਰਾਇਵੇਟ ਸਕੂਲਾ ਅਤੇ ਫੈਡਰੇਸ਼ਨ ਆਫ ਪ੍ਰਾਇਵੇਟ ਸਕੂਲਜ ਐਂਡ ਐਸੋਸੀਏਸ਼ਨਜ ਆਫ ਪੰਜਾਬ** ਵੱਲੋ ਪ੍ਰਾਪਤ ਪੱਤਰ ਆਪ ਜੀ ਨੂੰ ਅਗਲੇਰੀ ਯੋਗ ਕਰਵਾਈ ਹਿੱਤ ਨਾਲ ਨੱਥੀ ਕਰਕੇ ਭੇਜੇ ਜਾਂਦੇ ਹਨ।

ਨੱਥੀ :- **ਫੈਡਰੇਸ਼ਨ ਆਫ ਪ੍ਰਾਇਵੇਟ ਸਕੂਲਜ ਐਂਡ ਐਸੋਸੀਏਸ਼ਨਜ ਆਫ ਪੰਜਾਬ** ਵੱਲੋ ਪ੍ਰਾਪਤ ਪੱਤਰ

ਸਕੂਲਾਂ ਵੱਲੋਂ ਪ੍ਰਾਪਤ ਪੱਤਰ

ਜਿਲ੍ਹਾ ਸਿੱਖਿਆ ਅਫ਼ਸਰ(ਐ.ਸਿ)

26/05/23

OFFICE DISTRICT EDUCATION OFFICER (A.S)

Cum- District- Project Director Samgra Shiksha Abhiyan Pathankot

Email:sspathankot@punjabeducation.gov.in

To

Hon'ble Director School Education (Elementary)
Punjab SSA Nagar
Letter to SSA/2023-127714
District Pathankot 09/05/2023

Subject: R.T.I under Dated Pathankot: - 26/05/2023

Subject: Regarding sending received Letter for Permanent recognition of private school under R.T.E

Ref: Letter SSA/2023-127714 dated 09/05/2023

In relation to the subject, it is brought to your attention that letters are being sent regarding the issue of permanent recognition from the private schools running under District Pathankot and in which reference of Judgement has been issued by the Hon'ble Punjab and Haryana High Court from Civil Writ Petition No. 12389 of 2021 dated 11-02-2021.The recognition of schools is live as per the policy issued by your office. Keeping in mind that he policy of recognition of schools is a matter the letters received are sent to you with further qualified interest attached.

Attached : Letter received from schools

District Education Officer (A.S)
Pathankot

NOTARY * GOVT. OF INDIA * Harmanjeet Bedi Area Pathankot Regd. No. 9774

Translated to be true copy of document
Produced translation from Punjabi/Hindi
Urdu/Into English.

Bedi Adv
Harmanjeet Bedi
Notary Public Pathankot

0 8 JUN 2023